ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ
ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ
ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:0172- 2623207, 2620106
ਫੈਕਸ: 0172-2624687 ਈ-ਮੇਲssapunjab@yahoo.com

ਵੱਲ

ਸਮੂਹ ਡਿਪਟੀ ਕਮਿਸ਼ਨਰ,ਪੰਜਾਬ।

ਮੀਮੋ ਨੰ: ਡਿ.ਐਸ.ਪੀ.ਡੀ/ਐਸ.ਐਸ.ਏ/2010/29276-22295
ਮਿਤੀ ਚੰਡੀਗੜ੍ਹ: 15-03-2010

**ਵਿਸ਼ਾ:-** **ਬੋਰਡ ਦੀਆਂ ਹੋਣ ਵਾਲੀਆਂ ਸਾਲਾਨਾ ਪ੍ਰੀਖਿਆਵਾਂ ਨੂੰ ਸੁਚਾਰੂ ਰੂਪ ਵਿੱਚ ਕਰਵਾਉਣ ਸੰਬੰਧੀ।**

ਹਵਾਲਾ:- ਮੀਮੋ ਨੰ:ਸਸਅ/ਕੋਆਰਡੀ ਨੇਸ਼ਨ/26442 ਮਿਤੀ 22-02-2010, ਡਿ.ਐਸ.ਪੀ.ਡੀ/ ਐਸ.ਐਸ.ਏ/2010/27068-27088 ਮਿਤੀ ਚੰਡੀਗੜ੍ਹ 26-02-2010, ਡਿ.ਐਸ.ਪੀ.ਡੀ/ਐਸ.ਐਸ.ਏ/2010/27769-27788 ਮਿਤੀ ਚੰਡੀਗੜ੍ਹ 02-03-2010 ਅਤੇ ਡਿ.ਐਸ.ਪੀ.ਡੀ/ਐਸ.ਐਸ.ਏ/2010/28289-28328 ਮਿਤੀ ਚੰਡੀਗੜ੍ਹ 05-03-2010

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰਾਂ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਪਰੋਕਤ ਹਵਾਲੇ ਅਧੀਨ ਪਹਿਲਾਂ ਜਾਰੀ ਕੀਤੇ ਪੱਤਰਾਂ ਦੀ ਲਗਾਤਾਰਤਾ ਵਿੱਚ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਪ ਵੱਲੋਂ ਪ੍ਰੀਖਿਆ ਕੇਂਦਰਾਂ ਦੁਆਲੇ ਦਫਾ 144 ਲਗਾਏ ਜਾਣ ਦੇ ਬਾਵਜੂਦ ਹਾਲੇ ਵੀ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਤੋਂ ਪ੍ਰੀਖਿਆ ਕੇਂਦਰਾਂ ਦੇ ਦੁਆਲੇ ਹਜੂਮ ਦੁਆਰਾ ਪ੍ਰੀਖਿਆ ਕੇਂਦਰਾਂ ਦੀ ਪਵਿੱਤਰਤਾ ਭੰਗ ਕੀਤੇ ਜਾਣ ਦੀਆਂ ਸ਼ਿਕਾਇਤਾਂ ਲਗਾਤਾਰ ਮਿਲ ਰਹੀਆਂ ਹਨ।

3.0 ਮਿਤੀ 16-03-2010 ਤੋਂ ਦਸਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆਵਾਂ ਵੀ ਸ਼ੁਰੂ ਹੋ ਰਹੀਆਂ ਹਨ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਪ੍ਰੀਖਿਆ ਕੇਂਦਰਾਂ ਦੀ ਪਵਿੱਤਰਤਾ ਭੰਗ ਕਰਨ ਵਾਲੇ ਮਾੜੇ ਅਨਸਰਾਂ ਨਾਲ ਸਖਤੀ ਨਾਲ ਨਿਪਟਦੇ ਹੋਏ ਪਰਚਾ ਦਰਜ ਕਰਨ ਉਪਰੰਤ ਉਹਨਾਂ ਦੀ ਸੂਚਨਾ ਇਸ ਦਫਤਰ ਨੂੰ ਵੀ ਭੇਜੀ ਜਾਵੇ।

4.0 ਇਸ ਤੋਂ ਇਲਾਵਾ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਚੰਗਾ ਹੋਵੇਗਾ ਕਿ ਹਰ ਜਿਲ੍ਹੇ ਦੇ ਇੱਕ ਏ.ਡੀ.ਸੀ ਨੂੰ ਪ੍ਰੀਖਿਆਵਾਂ ਦੇ ਕੰਮ ਦੀ ਜ਼ਿੰਮੇਵਾਰੀ ਸੌਂਪ ਦਿੱਤੀ ਜਾਵੇ ਤਾਂ ਜੋ ਪ੍ਰੀਖਿਆ ਕੇਂਦਰਾਂ ਦੀ ਪਵਿੱਤਰਤਾ ਨੂੰ ਕਾਇਮ ਰੱਖਦੇ ਹੋਏ ਸਾਲਾਨਾ ਪ੍ਰੀਖਿਆਵਾਂ ਦੇ ਕਾਰਜ ਨੂੰ ਨਕਲ ਰਹਿਤ ਨੇਪਰੇ ਚਾੜ੍ਹਿਆ ਜਾ ਸਕੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ।**

ਪਿੱਠ ਅੰਕਣ ਨੰ: ਉਕਤ ਮਿਤੀ, ਚੰਡੀਗੜ੍ਹ:16-03-2010

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ, ਪੰ.ਸ.ਸਿ.ਬੋਰਡ,ਮੋਹਾਲੀ।
2. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ),ਪੰਜਾਬ

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ।